ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ), ਪੰਜਾਬ।
ਫੇਜ਼-8, ਐਸ.ਏ.ਐਸ. ਨਗਰ
(ਕੋਆਰਡੀਨੇਸ਼ਨ ਸ਼ਾਖਾ)

ਸੇਵਾ ਵਿਖੇ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ), ਪੰਜਾਬ।
2. ਸਮੂਹ ਜਿਲ੍ਹਾ ਸਿੱਖਿਆ ਅਫਸਰ (ਐਸਿ), ਪੰਜਾਬ।
3. ਸਮੂਹ ਸਕੂਲਾਂ ਦੇ ਮੁੱਖੀ, ਪੰਜਾਬ।

ਮੀਮੋ ਨੰ. 344459/DPISE-CORDOGENL/46/2022328241-43
ਮਿਤੀ: 14/12/2022

**ਵਿਸ਼ਾ:** **ਪੰਜਾਬ ਸਿੱਖਿਆ ਵਿਭਾਗ ਵਿੱਚ ਕੰਮ ਕਰਦੇ ਟੀਚਿੰਗ ਅਤੇ ਨਾਨ-ਟੀਚਿੰਗ ਅਮਲੇ ਨੂੰ ਚਾਈਲਡ ਕੇਅਰ ਲੀਵ ਅਤੇ ਵਿਦੇਸ਼ ਛੁੱਟੀ ਮੰਨਜੂਰ ਕਰਨ ਸਬੰਧੀ।**

1.0 ਉਪਰੋਕਤ ਵਿਸ਼ੇ ਤੇ ਇਸ ਦਫਤਰ ਦੇ ਪੱਤਰ ਨੰ. 15/36-2016 ਕੋ.ਸੈੱਲ (1)/14007 ਮਿਤੀ 11.05.2018 ਦੀ ਲਗਾਤਾਰਤਾ ਵਿੱਚ ਲਿਖਿਆ ਜਾਂਦਾ ਹੈ ਕਿ ਬੱਚਿਆ ਦੇ ਇਮਤਿਹਾਨਾਂ ਦਾ ਸਮਾਂ ਨਜਦੀਕ ਆ ਗਿਆ ਹੈ ਅਤੇ ਇਸ ਸਮੇਂ ਦੌਰਾਨ ਅਧਿਆਪਕਾਂ ਨੂੰ ਬੱਚਿਆਂ ਦੀ ਪੜ੍ਹਾਈ ਤੇ ਖਾਸ ਧਿਆਨ ਦੇਣ ਦੀ ਲੋੜ ਪੈਂਦੀ ਹੈ। ਅਧਿਆਪਕਾਂ ਦੁਆਰਾ ਪੜ੍ਹਾਉਣ ਦੇ ਟੀਚਿਆਂ ਨੂੰ ਮੁਕੰਮਲ ਕਰਨ ਦੇ ਲਈ ਸਕੂਲਾਂ ਵਿੱਚ ਨਾਨ-ਟੀਚਿੰਗ ਸਟਾਫ ਦੀ ਵੀ ਕਾਫੀ ਮਹੱਤਤਾ ਹੈ।

2.0 ਇਸ ਲਈ ਮਹੀਨਾਂ ਜਨਵਰੀ, ਫਰਵਰੀ ਅਤੇ ਮਾਰਚ ਦੌਰਾਨ ਚਾਈਲਡ ਕੇਵਰ ਲੀਵ ਅਤੇ ਵਿਦੇਸ਼ ਛੁੱਟੀ ਪ੍ਰਵਾਨ ਨਾ ਕੀਤੀ ਜਾਵੇ ਅਤੇ ਨਾ ਹੀ ਪ੍ਰਵਾਨ ਕਰਨ ਦੀ ਸਿਫਾਰਿਸ਼ ਕੀਤੀ ਜਾਵੇ। ਪਰੰਤੂ ਜੇਕਰ ਕਿਸੇ ਅਧਿਕਾਰੀ /ਕਰਮਚਾਰੀ ਦਾ ਬੱਚਾ ਤਿੰਨ ਸਾਲ ਤੋਂ ਛੋਟਾ ਹੈ ਜਾਂ ਕਿਸੇ ਗੰਭੀਰ ਬਿਮਾਰੀ ਤੋਂ ਪੀੜਿਤ ਹੈ ਤਾਂ ਅਜਿਹੇ ਹਾਲਾਤ ਵਿੱਚ ਚਾਇਲਡ ਕੇਅਰ ਲੀਵ ਸਬੰਧੀ ਸਿਵਲ ਸਰਜਨ ਦੇ ਸਰਟੀਫਿਕੇਟ /ਸਿਫਾਰਿਸ਼ ਦੇ ਆਧਾਰ ਤੇ ਅਤੇ ਵਿਦੇਸ਼ ਛੁੱਟੀ ਲਈ ਨਾ ਟਾਲਣ ਯੋਗ ਹਾਲਾਤਾਂ ਵਿੱਚ, ਇਨ੍ਹਾਂ ਛੁੱਟੀਆਂ ਦਾ ਫੈਸਲਾ ਮੁੱਖ ਦਫਤਰ ਦੇ ਪੱਧਰ ਤੇ ਲਿਆ ਜਾਵੇਗਾ।

3.0 ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ)
ਪੰਜਾਬ।

ਪਿੱ. ਅੰ. ਨੰ. ਉਕਤ /2022328244-48 ਮਿਤੀ 14/12/2022

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:-

1. ਪ੍ਰਮੁੱਖ ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਡਾਇਰੈਕਟਰ ਸਿੱਖਿਆ ਵਿਭਾਗ (ਐਸਿ), ਪੰਜਾਬ।
4. ਡਾਇਰੈਕਟਰ ਐਸ.ਸੀ.ਈ.ਆਰ.ਟੀ. ਪੰਜਾਬ।
5. ਲੀਵ ਮੈਨੇਜ਼ਰ।

ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ)
ਪੰਜਾਬ।

14/12/2022